ਪਟਿਆਲਾ ਫ਼ਤਹਿਗੜ੍ਹ ਸਾਹਿਬ
ਅਜੀਤ, ਚੰਡੀਗੜ੍ਹ
ਅਜੀਤ
ਸੋਮਵਾਰ, 20 ਅਕਤੂਬਰ 2025

ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਤੋਂ ਗੁਰਬਾਣੀ ਕੀਰਤਨ

ਰੇਡੀਓ

ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਕੀਰਤਨ ਵਿਚ 20 ਅਕਤੂਬਰ ਨੂੰ ਸ਼ਾਮ 4.00 ਤੋਂ 6.00 ਵਜੇ ਤੱਕ ਭਾਈ ਸਿਮਰਨਜੀਤ ਸਿੰਘ ਅਤੇ 21 ਅਕਤੂਬਰ ਨੂੰ ਸਵੇਰੇ 4.00 ਤੋਂ 6.00 ਵਜੇ ਤੱਕ ਭਾਈ ਸਤਿੰਦਰਬੀਰ ਸਿੰਘ 'ਆਸਾ ਦੀ ਵਾਰ' ਦਾ ਕੀਰਤਨ ਕਰਨਗੇ।

ਪੀ. ਟੀ. ਸੀ.

ਪੀ. ਟੀ. ਸੀ. ਪੰਜਾਬੀ ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਪ੍ਰੋਗਰਾਮ ਵਿਚ 20 ਅਕਤੂਬਰ ਨੂੰ ਸ਼ਾਮ 5.00 ਤੋਂ 7.00 ਵਜੇ ਤੱਕ ਭਾਈ ਸਿਮਰਨਜੀਤ ਸਿੰਘ, ਕੀਰਤਨ, ਪਾਠ 'ਰਹਿਰਾਸ ਸਾਹਿਬ' ਉਪਰੰਤ 'ਆਰਤੀ' ਭਾਈ ਜਗਤਾਰ ਸਿੰਘ ਖ਼ ਤੇ 21 ਅਕਤੂਬਰ ਨੂੰ ਸਵੇਰੇ 3.45 ਵਜੇ ਤੋਂ 7.45 ਵਜੇ ਤੱਕ ਭਾਈ ਸਤਿੰਦਰਬੀਰ ਸਿੰਘ ਤੇ ਭਾਈ ਸਾਹਿਬ ਸਿੰਘ ਕੀਰਤਨ ਕਰਨਗੇ।

ਐਸ. ਜੀ. ਪੀ. ਸੀ. ਵੈੱਬ ਚੈਨਲ 'ਤੇ ਸਵੇਰੇ 3.45 ਵਜੇ ਤੋਂ 8.30 ਵਜੇ ਤੱਕ, ਦੁਪਹਿਰ 12.30 ਵਜੇ ਤੋਂ 2.20 ਵਜੇ ਤੱਕ ਅਤੇ ਸ਼ਾਮ 6.00 ਵਜੇ ਤੋਂ 8.00 ਵਜੇ ਤੱਕ ਸਿੱਧਾ ਪ੍ਰਸਾਰਨ ਹੁੰਦਾ ਹੈ। ਐਸ. ਜੀ. ਪੀ. ਸੀ. ਦੇ ਮੋਬਾਈਲ ਐਪ ਤੋਂ ਅੰਮ੍ਰਿਤ ਵੇਲੇ ਤੋਂ ਸੁਖ ਆਸਨ ਤੱਕ ਦਾ ਪੂਰਾ ਸਮਾਗਮ ਸੁਣਿਆ ਜਾ ਸਕਦਾ ਹੈ।

ਮੁੱਖ ਵਾਕ ਦੀ ਕਥਾ : 20 ਅਕਤੂਬਰ ਅਤੇ 21 ਅਕਤੂਬਰ ਨੂੰ ਭਾਈ ਸਾਹਿਬ ਭਾਈ ਪਿੰਦਰਪਾਲ ਸਿੰਘ ਲੁਧਿਆਣਾ ਗੁ: ਮੰਜੀ ਸਾਹਿਬ ਦੀਵਾਨ ਹਾਲ ਸ੍ਰੀ ਹਰਿਮੰਦਰ ਸਾਹਿਬ ਸਮੂਹ ਵਿਖੇ ਸਵੇਰੇ 7.45 ਵਜੇ ਤੋਂ 8.30 ਵਜੇ ਤੱਕ ਮੁੱਖ ਵਾਕ ਦੀ ਕਥਾ ਕਰਨਗੇ।

ਟੈਗੋਰ ਸਕੂਲ 'ਚ ਦੀਵਾਲੀ ਤੇ ਬੰਦੀ ਛੋੜ ਦਿਵਸ ਧੂਮਧਾਮ ਨਾਲ ਮਨਾਏ

ਦੇਵੀਗੜ੍ਹ, 19 ਅਕਤੂਬਰ (ਰਾਜਿੰਦਰ ਸਿੰਘ ਮੌਜੀ)-ਟੈਗੋਰ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ, ਅਕਬਰਪੁਰ ਅਫ਼ਗ਼ਾਨਾਂ, ਦੇਵੀਗੜ੍ਹ ਵਿਚ ਦੀਵਾਲੀ ਦੇ ਪਵਿੱਤਰ ਤਿਉਹਾਰ ਨੂੰ ਮਨਾਇਆ ਗਿਆ। ਸਭਾ ਦੀ ਸ਼ੁਰੂਆਤ ਸਕੂਲ ਪ੍ਰਬੰਧਕਾਂ ਵਲੋਂ ਮਾਂ ਸਰਸਵਤੀ ਅਤੇ ਮਾਤਾ ਲਕਸ਼ਮੀ ਦੇ ਪੂਜਨ ਨਾਲ ਕੀਤੀ ਗਈ। ਇਸ ਮੌਕੇ ਵਿਦਿਆਰਥੀਆਂ ਵਲੋਂ ਬੰਦੀ ਛੋੜ ਦਿਵਸ ਨੂੰ ਮੁੱਖ ਰੱਖਦਿਆਂ "ਦੀਵਾਲੀ ਕੀ ਰਾਤ ਦੀਵੇ ਬਾਲੀਅਨ" ਅਤੇ "ਸਤਿਗੁਰੂ ਬੰਦੀ ਛੋੜ ਹੈ" ਵਰਗੇ ਸ਼ਬਦ ਗਾਇਨ ਕਰਕੇ ਸਮਾਗਮ ਨੂੰ ਆਤਮਿਕ ਰੰਗ ਵਿਚ ਰੰਗਿਆ ਗਿਆ। ਵਿਦਿਆਰਥੀਆਂ ਨੇ ਦੀਵਾਲੀ ਅਤੇ ਬੰਦੀ ਛੋੜ ਦਿਵਸ ਬਾਰੇ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਸਾਥੀ ਵਿਦਿਆਰਥੀਆਂ ਦੀ ਜਾਣਕਾਰੀ ਵਿਚ ਵਾਧਾ ਕੀਤਾ। ਸਕੂਲ ਵਿਚ ਇਸ ਮੌਕੇ ਕਈ ਰਚਨਾਤਮਿਕ ਗਤੀਵਿਧੀਆਂ ਜਿਵੇਂ ਦੀਆ ਡੈਕੋਰੇਸ਼ਨ, ਲੈਂਪ ਮੇਕਿੰਗ ਅਤੇ ਹਾਊਸ ਵਾਈਜ਼ ਰੰਗੋਲੀ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਵਿਚ ਛੋਟੇ ਤੇ ਵੱਡੇ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ। ਹਰ ਜਮਾਤ ਨੇ ਆਪਣੀ ਕਲਾ ਅਤੇ ਕਲਪਨਾ ਨਾਲ ਸੁੰਦਰ ਰੰਗੋਲੀਆਂ ਬਣਾ ਕੇ ਮਾਹੌਲ ਨੂੰ ਰੌਸ਼ਨ ਕਰ ਦਿੱਤਾ। ਰੰਗੋਲੀ ਮੁਕਾਬਲੇ ਵਿਚ ਪ੍ਰੰਸਪੈਰਟੀ ਹਾਊਸ ਨੇ ਪਹਿਲਾ ਐਟਰਨਿਟੀ ਹਾਊਸ ਨੇ, ਦੂਜਾ ਇੰਟੀਗ੍ਰਿਟੀ ਹਾਊਸ ਨੇ ਤੀਜਾ ਅਤੇ ਲੋਅਲਟੀ ਹਾਊਸ ਨੇ ਚੌਥਾ ਸਥਾਨ ਪ੍ਰਾਪਤ ਕਰਕੇ ਜਿੱਤ ਹਾਸਿਲ ਕੀਤੀ। ਇਸ ਤੋਂ ਇਲਾਵਾ ਵਿਦਿਆਰਥੀਆਂ ਨੇ ਨੁੱਕੜ ਨਾਟਕ ਰਾਹੀਂ ਸਭ ਨੂੰ ਸੰਦੇਸ਼ ਦਿੱਤਾ ਕਿ ਅਸੀਂ ਸਭ ਨੂੰ ਪ੍ਰਦੂਸ਼ਣ ਰਹਿਤ ਤੇ ਗਰੀਨ ਦੀਵਾਲੀ ਮਨਾਉਣੀ ਚਾਹੀਦੀ ਹੈ ਤਾਂ ਜੋ ਪ੍ਰਕਿਰਤੀ ਦਾ ਸੰਤੁਲਨ ਬਣਿਆ ਰਹੇ ਅਤੇ ਸਾਡਾ ਵਾਤਾਵਰਨ ਸਾਫ਼ ਤੇ ਸੁੰਦਰ ਰਹੇ। ਇਸ ਮੌਕੇ ਸਕੂਲ ਪ੍ਰਧਾਨ ਸਲੋਨੀ ਗੁਲ੍ਹਾਟੀ, ਮੈਨੇਜਰ ਸੁਸ਼ੀਲ ਮਿਸਰਾ, ਨਿਰਦੇਸ਼ਕ ਗੌਰਵ ਗੁਲ੍ਹਾਟੀ ਅਤੇ ਪ੍ਰਿੰਸੀਪਲ ਮੀਨਾਕਸ਼ੀ ਸੂਦ ਨੇ ਸਾਰੇ ਵਿਦਿਆਰਥੀਆਂ, ਅਧਿਆਪਕਾਂ ਅਤੇ ਮਾਪਿਆਂ ਨੂੰ ਦੀਵਾਲੀ, ਬੰਦੀ ਛੋੜ ਦਿਵਸ, ਵਿਸ਼ਵਕਰਮਾ-ਡੇ ਅਤੇ ਭਾਈ ਦੂਜ ਦੀਆਂ ਹਾਰਦਿਕ ਵਧਾਈਆਂ ਦਿੱਤੀਆਂ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ ਕਿ ਉਹ ਤਿਉਹਾਰਾਂ ਨੂੰ ਖੁਸੀ ਅਤੇ ਸਾਦਗੀ ਨਾਲ ਮਨਾਉਣ ਦੇ ਨਾਲ ਨਾਲ ਸਮਾਜ ਪ੍ਰਤੀ ਆਪਣਾ ਫ਼ਰਜ਼ ਵੀ ਨਿਭਾਉਣ। ਸਮਾਰੋਹ ਦੇ ਅੰਤ ਵਿਚ ਸਕੂਲ ਨਿਰਦੇਸ਼ਕ ਗੌਰਵ ਗੁਲ੍ਹਾਟੀ, ਪ੍ਰੈਜ਼ੀਡੈਂਟ ਸਲੋਨੀ ਗੁਲ੍ਹਾਟੀ, ਸੁਸ਼ੀਲ ਮਿਸਰਾ ਅਤੇ ਪ੍ਰਿੰਸੀਪਲ ਮੀਨਾਕਸ਼ੀ ਸੂਦ ਨੇ ਇਲਾਕਾ ਨਿਵਾਸੀਆਂ, ਅਧਿਆਪਕਾਂ ਅਤੇ ਸਮੂਹ ਸਟਾਫ਼ ਨੂੰ ਦੀਵਾਲੀ, ਬੰਦੀ ਛੋੜ ਦਿਵਸ, ਭਾਈ ਦੂਜ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਵਿਦਿਆਰਥੀਆਂ ਦੇ ਪ੍ਰਦਰਸ਼ਨ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਤਿਉਹਾਰ ਵਿਦਿਆਰਥੀਆਂ ਵਿਚ ਭਰਾਵਾਂ, ਸਾਂਝ, ਰਚਨਾਤਮਿਕਤਾ ਅਤੇ ਸਮਰਪਣ ਦੀ ਭਾਵਨਾ ਪੈਦਾ ਕਰਦੇ ਹਨ।

ਟੈਗੋਰ ਇੰਟਰਨੈਸ਼ਨਲ ਸਕੂਲ ਅਕਬਰਪੁਰ ਅਫ਼ਗ਼ਾਨਾਂ ਵਿਖੇ ਕੀਰਤਨ ਸਰਵਣ ਕਰਦੇ ਹੋਏ ਪ੍ਰਧਾਨ ਸਲੋਨੀ ਗੁਲ੍ਹਾਟੀ, ਸੁਸ਼ੀਲ ਮਿਸਰਾ ਅਤੇ ਪ੍ਰਿੰਸੀਪਲ ਮੀਨਾਕਸ਼ੀ ਸੂਦ। ਅਜੀਤ ਤਸਵੀਰ

ਪੰਜਾਬੀ ਯੂਨੀਵਰਸਿਟੀ ਵਿਖੇ ਕਲੀਨਕੀ ਭਾਸ਼ਾ ਵਿਗਿਆਨ ਦੇ ਖੇਤਰ ਵਿਚ ਅਹਿਮ ਅਧਿਐਨ

ਪਟਿਆਲਾ, 19 ਅਕਤੂਬਰ (ਕੁਲਵੀਰ ਸਿੰਘ ਧਾਲੀਵਾਲ)-ਪੰਜਾਬੀ ਯੂਨੀਵਰਸਿਟੀ ਵਿਖੇ ਭਾਸ਼ਾ ਵਿਗਿਆਨ ਵਿਸੇ ਵਿੱਚ ਹੋਈ ਇਕ ਖੋਜ ਰਾਹੀਂ 'ਟੋਟਲ-ਲੈਰਿੰਜੈਕਟਮੀ' ਵਿਧੀ ਰਾਹੀਂ ਗਲ਼ੇ ਦਾ ਇਲਾਜ ਪ੍ਰਾਪਤ ਕਰਨ ਵਾਲ਼ੇ ਮਰੀਜ਼ਾਂ ਦੇ ਪੰਜਾਬੀ ਭਾਸ਼ਾ ਉਚਾਰਣ ਨੂੰ ਕੁਦਰਤੀ ਨਾਦ-ਤੰਤੀਆਂ ਵਾਲ਼ੇ ਆਮ ਪੰਜਾਬੀ ਬੁਲਾਰਿਆਂ ਦੇ ਉਚਾਰਣ ਨਾਲ਼ ਤੁਲਨਾਅ ਕੇ ਅਹਿਮ ਸਿੱਟੇ ਕੱਢੇ ਗਏ ਹਨ। ਯੂਨੀਵਰਸਿਟੀ ਦੇ ਭਾਸ਼ਾ ਵਿਗਿਆਨ ਅਤੇ ਪੰਜਾਬੀ ਕੋਸ਼ਕਾਰੀ ਵਿਭਾਗ ਵਿੱਚ ਖੋਜਾਰਥੀ ਡਾ. ਰਵੀ ਕਪੂਰ ਵੱਲੋ ਨਿਗਰਾਨ ਡਾ. ਸੁਮਨ ਪ੍ਰੀਤ ਵਿਰਕ ਦੀ ਅਗਵਾਈ ਵਿੱਚ ਅੰਤਰਰਾਸ਼ਟਰੀ ਪਹੁੰਚ ਵਾਲੇ ਵਿਸੇ ਭਾਸ਼ਾ ਵਿਗਿਆਨ ਅਧੀਨ ਪੰਜਾਬੀ ਭਾਸ਼ਾ ਦੇ ਹਵਾਲੇ ਨਾਲ਼ ਕੀਤਾ ਗਿਆ ਇਹ ਆਪਣੀ ਕਿਸਮ ਦਾ ਪਲੇਠਾ ਖੋਜ ਕਾਰਜ ਹੈ। ਡਾ. ਸੁਮਨ ਪ੍ਰੀਤ ਵਿਰਕ ਨੇ ਦੱਸਿਆ ਕਿ ਇਸ ਖੋਜ-ਕਾਰਜ ਦੇ ਸਿੱਟੇ ਕਲੀਨਕੀ ਭਾਸ਼ਾ ਵਿਗਿਆਨ ਦੇ ਖੇਤਰ ਨਾਲ਼ ਸਬੰਧਿਤ ਹੋਣ ਕਾਰਨ ਪ੍ਰਕ੍ਰਿਤਿਕ ਭਾਸ਼ਾਈ ਸੰਸਾਧਨਾਂ, ਫੋਰੈਂਸਿਕ ਭਾਸ਼ਾ ਵਿਗਿਆਨ ਅਤੇ ਭਾਸ਼ਾਈ ਬੋਲ-ਵਿਕਾਰ ਅਧਿਐਨ ਵਿਚ ਲਾਹੇਵੰਦ ਸਾਬਤ ਹੋਣਗੇ। ਵਿਸ਼ੇ ਬਾਰੇ ਗੱਲ ਕਰਦਿਆਂ ਉਨ੍ਹਾਂ ਦੱਸਿਆ ਕਿ ਇਹ ਖੋਜ-ਕਾਰਜ 'ਕਲੀਨਕੀ ਭਾਸ਼ਾ

ਡਾ. ਸੁਮਨਪ੍ਰੀਤ ਕੌਰ, ਡਾ. ਰਵੀ ਕਪੂਰ

ਵਿਗਿਆਨ' ਦੇ ਖੇਤਰ ਨਾਲ਼ ਸਬੰਧਿਤ ਹੈ ਜਿਸ ਵਿੱਚ ਗਲ਼ੇ ਦੀ ਕਿਸੇ ਗੰਭੀਰ ਬਿਮਾਰੀ ਜਾਂ ਗੰਭੀਰ ਸਮੱਸਿਆ ਤੋਂ ਪੀੜਿਤ ਕਿਸੇ ਵਿਅਕਤੀ ਦੀਆਂ ਗਲ਼ੇ ਦੀਆਂ ਨਾਦ-ਤੰਤੀਆਂ ਟੋਟਲ-ਲੈਰਿੰਜੈਕਟਮੀ ਰਾਹੀਂ ਕੱਢ ਦਿੱਤੀਆਂ ਜਾਂਦੀਆਂ ਹਨ ਅਤੇ ਉਸ ਜਗ੍ਹਾ ਟ੍ਰੈਕੀਓਈਸੋਫ਼ੇਜਿਅਲ ਪ੍ਰੋਸਥਿਸਿਸ (ਟੀ.ਈ.ਪੀ.) ਯੰਤਰ ਲਗਾਇਆ ਜਾਂਦਾ ਹੈ ਤਾਂ ਜੋ ਉਹ ਵਿਅਕਤੀ ਮੁੜ ਤੋਂ ਬੋਲਣ ਦੇ ਸਮਰੱਥ ਹੋ ਸਕੇ। ਡਾ. ਰਵੀ ਕਪੂਰ ਨੇ ਦੱਸਿਆ ਕਿ ਅੰਗਰੇਜ਼ੀ ਮਾਧਿਅਮ ਵਿਚ ਸੰਪੰਨ ਕੀਤੇ ਗਏ ਇਸ ਭਾਸ਼ਾ ਵਿਗਿਆਨਕ ਖੋਜ ਕਾਰਜ ਵਿੱਚ 'ਪਰਾਟ' ਨਾਮਕ ਸਾਫ਼ਟਵੇਅਰ ਦੀ ਮਦਦ ਨਾਲ਼ ਲਗਭਗ 350 ਸਪੈਕਟ੍ਰੋਗ੍ਰਾਮ ਨਮੂਨਿਆਂ ਦੇ ਅੰਕੜਿਆਂ ਦੇ ਆਧਾਰ 'ਤੇ ਪੰਜਾਬੀ ਭਾਸ਼ਾ ਦੇ ਸੁਰਾਂ ਦੇ ਉਚਾਰਣ ਵੇਲੇ ਸੁਰ-ਅਵਧੀ, ਅੰਤਰਾਲ ਅਤੇ ਧੁਨੀ-ਮਿਆਦ ਦੇ ਨਾਲ਼-ਨਾਲ਼ ਜੀਭ ਦੀ ਸਥਿਤੀ ਅਤੇ ਮਹਾਂਪ੍ਰਾਣ ਧੁਨੀਆਂ ਦੀ ਉਚਾਰਣ ਭਿੰਨਤਾ ਸੰਬੰਧੀ ਅਹਿਮ ਤੱਥ ਸਾਹਮਣੇ ਆਏ ਹਨ। ਉਪ-ਕੁਲਪਤੀ ਡਾ. ਜਗਦੀਪ ਸਿੰਘ ਵੱਲੋਂ ਖੋਜਾਰਥੀ ਅਤੇ ਨਿਗਰਾਨ ਨੂੰ ਵਧਾਈ ਦਿੰਦਿਆਂ ਕਿਹਾ ਗਿਆ ਕਿ ਪੰਜਾਬੀ ਯੂਨੀਵਰਸਿਟੀ ਦੀ ਵਿਲੱਖਣਤਾ ਇਸ ਪੱਖੋਂ ਵੀ ਹੈ ਕਿ ਇੱਥੇ ਹੁੰਦੇ ਵੱਖ-ਵੱਖ ਖੋਜ ਕਾਰਜਾਂ ਦੇ ਵਿਸ਼ਿਆਂ ਦਾ ਦਾਇਰਾ ਬਹੁਤ ਵਸੀਹ ਹੈ। ਉਨ੍ਹਾਂ ਕਿਹਾ ਕਿ ਇਹ ਚੰਗੀ ਗੱਲ ਹੈ ਕਿ ਹੁਣ ਕਲੀਨਕੀ ਭਾਸ਼ਾ ਵਿਗਿਆਨ ਦੇ ਖੇਤਰ ਵਿੱਚ ਵੀ ਪੰਜਾਬੀ ਯੂਨੀਵਰਸਿਟੀ ਆਪਣਾ ਜ਼ਿਕਰਯੋਗ ਯੋਗਦਾਨ ਪਾ ਰਹੀ ਹੈ।

ਹਲਕਾ ਸਨੌਰ ਦੇ ਪਿੰਡ ਦੁੜਦ ਵਿਖੇ ਛੱਪੜ ਦੇ ਨਵੀਨੀਕਰਨ ਦਾ ਨੀਂਹ-ਪੱਥਰ ਰਖਦੇ ਹੋਏ ਚੇਅਰਮੈਨ ਰਣਜੋਧ ਸਿੰਘ ਹੜਾਣਾ। ਅਜੀਤ ਤਸਵੀਰ

ਚੇਅਰਮੈਨ ਰਣਜੋਧ ਸਿੰਘ ਹੜਾਣਾ ਨੇ ਦੁੜਦ 'ਚ ਛੱਪੜ ਦੇ ਨਵੀਨੀਕਰਨ ਅਤੇ ਪੁਨਰ ਉਸਾਰੀ ਦਾ ਰੱਖਿਆ ਨੀਂਹ ਪੱਥਰ

ਭੁੱਨਰਹੇੜੀ, 19 ਅਕਤੂਬਰ (ਧਨਵੰਤ ਸਿੰਘ)-ਪੀਆਰਟੀਸੀ ਚੇਅਰਮੈਨ ਅਤੇ ਆਮ ਆਦਮੀ ਪਾਰਟੀ ਦੇ ਹਲਕਾ ਸਨੌਰ ਤੋਂ ਇੰਚਾਰਜ ਰਣਜੋਧ ਸਿੰਘ ਹੜਾਣਾ ਵਲੋਂ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਪੰਜਾਬ ਵਲੋਂ ਪੰਜਾਬ ਵਿਕਾਸ ਤਹਿਤ ਨਵੀਂਕਰਨ ਅਤੇ ਪੁਨਰ ਉਸਾਰੀ ਤਹਿਤ ਵੱਖ-ਵੱਖ ਪਿੰਡਾਂ ਵਿਚ ਨੀਂਹ ਪੱਥਰ ਰੱਖੇ ਜਾ ਰਹੇ ਹਨ। ਇਸ ਲੜੀ ਤਹਿਤ ਪਿੰਡ ਦੁੜਦ 'ਚ ਵੀ ਛੱਪੜ ਅਤੇ ਪੁਨਰ ਉਸਾਰੀ ਦੇ ਪ੍ਰਜੈਕਟ ਦਾ ਨੀਂਹ ਪੱਥਰ ਰੱਖਿਆ ਗਿਆ। ਇਸ ਮੌਕੇ ਇੰਚਾਰਜ ਰਣਜੋਧ ਹੜਾਣਾ ਦਾ ਪਿੰਡ ਨਿਵਾਸੀਆਂ ਵਲੋਂ ਸਵਾਗਤ ਕੀਤਾ ਗਿਆ। ਚੇਅਰਮੈਨ ਹੜਾਣਾ ਕਿਹਾ ਕਿ ਮੈਨੂੰ ਪਾਰਟੀ ਵਲੋਂ ਹਲਕਾ ਸਨੌਰ ਦੀ ਜ਼ੁੰਮੇਵਾਰੀ ਸੌਂਪੀ ਗਈ ਸੀ। ਉਸ ਨੂੰ ਸੇਵਾ ਸਮਝ ਕੇ ਕਰਨ ਲਈ ਯਤਨਸ਼ੀਲ ਹਾਂ। ਉਨ੍ਹਾਂ ਕਿਹਾ ਕਿ ਵੱਖ-ਵੱਖ ਪਿੰਡਾਂ ਦੀਆਂ ਪੰਚਾਇਤਾਂ ਅਤੇ ਇਲਾਕੇ ਦੇ ਨਿਵਾਸੀਆਂ ਦੀਆਂ ਭਾਵਨਾਵਾਂ ਮੁਤਾਬਿਕ ਵਿਕਾਸ ਕਾਰਜ ਸ਼ੁਰੂ ਕਰਵਾਏ ਜਾ ਰਹੇ ਹਨ। ਇਸ ਲੜੀ ਤਹਿਤ ਪਿੰਡ ਦੁੜਦ ਅਤੇ ਮੰਜਾਲ ਵਿਚ ਵੀ ਨੀਂਹ ਪੱਥਰ ਰੱਖੇ ਗਏ ਹਨ। ਉਨ੍ਹਾਂ ਕਿਹਾ ਕਿ ਦੁੜਦ 'ਚ ਕਰੀਬ 32 ਲੱਖ ਰਾਸ਼ੀ ਪੰਚਾਇਤੀ ਰਾਜ ਦੁਆਰਾ ਖ਼ਰਚ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਲੋਕਾਂ ਦੀ ਸੇਵਾ ਵਿਚ ਦਿਨ-ਰਾਤ ਹਾਜ਼ਰ ਹਾਂ। ਹਰ ਪੱਖੋਂ ਇਨਸਾਫ਼ ਦਿਵਾਉਣ ਲਈ ਮਦਦ ਕਰੇਗਾ। ਕਿਸੇ ਕਿਸਮ ਦਾ ਧੱਕਾ ਨਹੀਂ ਹੋਣ ਦਿੱਤਾ ਜਾਵੇਗਾ ਕਾਨੂੰਨ ਮੁਤਾਬਿਕ ਇਨਸਾਨ ਜ਼ਰੂਰ ਦਿਵਾਇਆ ਜਾਵੇਗਾ।

ਜੱਜ ਮਾਡਰਨ ਸੀਨੀਅਰ ਸੈਕੰਡਰੀ ਸਕੂਲ ਛੰਨਾ ਦੀਆਂ ਵਿਦਿਆਰਥਣਾਂ ਸ਼ਬਦ ਗਾਇਨ ਕਰਦੀਆਂ। ਅਜੀਤ ਤਸਵੀਰ

ਜੱਜ ਮਾਡਰਨ ਸਕੂਲ 'ਚ ਦੀਵਾਲੀ ਤੇ ਬੰਦੀ ਛੋੜ ਦਿਵਸ ਮਨਾਇਆ

ਦੇਵੀਗੜ੍ਹ, 19 ਅਕਤੂਬਰ (ਰਾਜਿੰਦਰ ਸਿੰਘ ਮੌਜੀ)-ਜੱਜ ਮਾਡਰਨ ਸੀਨੀਅਰ ਸੈਕੰਡਰੀ ਸਕੂਲ ਛੰਨਾ ਵਿਖੇ ਦੀਵਾਲੀ ਅਤੇ ਬੰਦੀ ਛੋੜ ਦਿਵਸ ਬੜੀ ਧੂਮਧਾਮ, ਅਧਿਆਤਮਿਕਤਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਸਕੂਲ ਦੇ ਹਰ ਕੋਨੇ ਨੂੰ ਰੰਗ-ਬਿਰੰਗੀ ਲਾਈਟਾਂ, ਦੀਵੇ ਅਤੇ ਸੁੰਦਰ ਸਜਾਵਟ ਨਾਲ ਚਮਕਾਇਆ ਗਿਆ। ਸਾਰੇ ਵਿਦਿਆਰਥੀ ਖੁਸ਼ੀ, ਉਤਸ਼ਾਹ ਅਤੇ ਭਾਈਚਾਰੇ ਦੀ ਭਾਵਨਾ ਨਾਲ ਭਰਪੂਰ ਨਜ਼ਰ ਆਏ। ਸਮਾਰੋਹ ਦੀ ਸ਼ੁਰੂਆਤ ਸਬਦ ਕੀਰਤਨ ਨਾਲ ਹੋਈ। ਵਿਦਿਆਰਥੀਆਂ ਨੇ ਦੀਵਾਲੀ ਅਤੇ ਬੰਦੀ ਛੋੜ ਦਿਵਸ ਬਾਰੇ ਸੁਨੇਹੇ ਪੇਸ਼ ਕਰਦੇ ਹੋਏ ਸਭ ਨੂੰ ਯਾਦ ਦਿਵਾਇਆ ਕਿ ਦੀਵਾਲੀ ਸਿਰਫ ਚਾਨਣ ਦੀ ਨਹੀਂ ਸਗੋਂ ਅੰਦਰਲੇ ਅੰਧਕਾਰ ਨੂੰ ਮਿਟਾ ਕੇ ਚੰਗੇ ਵਿਚਾਰਾਂ, ਸਚਾਈ ਅਤੇ ਪਿਆਰ ਦੀ ਰੌਸ਼ਨੀ ਫੈਲਾਉਣ ਦੀ ਵੀ ਪ੍ਰਤੀਕ ਹੈ। ਬੰਦੀ ਛੋੜ ਦਿਵਸ ਦੇ ਮੌਕੇ 'ਤੇ ਵਿਦਿਆਰਥੀਆਂ ਨੇ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਦੇ ਜੀਵਨ ਅਤੇ ਉਪਦੇਸ਼ਾਂ ਨੂੰ ਪ੍ਰਗਟ ਕੀਤਾ। ਉਨ੍ਹਾਂ ਨੇ ਦੱਸਿਆ ਕਿ ਗੁਰੂ ਸਾਹਿਬ ਜੀ ਨੇ 52 ਰਾਜਿਆਂ ਨੂੰ ਕੈਦ ਤੋਂ ਆਜ਼ਾਦ ਕਰਵਾ ਕੇ ਸਾਨੂੰ ਇਹ ਸਿੱਖ ਦਿੱਤੀ ਕਿ ਅਸਲ ਦੀਵਾਲੀ ਤਦ ਹੈ ਜਦੋਂ ਅਸੀਂ ਹੋਰਨਾਂ ਦੀ ਜ਼ਿੰਦਗੀ ਵਿੱਚ ਚਾਨਣ ਪਾਈਏ ਅਤੇ ਮਨੁੱਖਤਾ ਦੀ ਸੇਵਾ ਕਰੀਏ। ਵਿਦਿਆਰਥੀਆਂ ਵਲੋਂ ਨਾਟਕ, ਗੀਤ, ਕਵਿਤਾਵਾਂ ਅਤੇ ਭਜਨ ਗਾਇਨ ਕੀਤੇ ਗਏ। ਸਕੂਲ ਦੇ ਪ੍ਰਿੰਸੀਪਲ ਨਵਤੇਜ ਸਿੰਘ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਦੀਵਾਲੀ ਸਾਨੂੰ ਸਿਖਾਉਂਦੀ ਹੈ ਕਿ ਸਚਾਈ ਦਾ ਪ੍ਰਕਾਸ਼ ਹਰ ਝੂਠ ਅਤੇ ਅੰਧਕਾਰ ਨੂੰ ਮਿਟਾ ਸਕਦਾ ਹੈ। ਬੰਦੀ ਛੋੜ ਦਿਵਸ ਸਾਨੂੰ ਸਿਖਾਉਂਦਾ ਹੈ ਕਿ ਆਜ਼ਾਦੀ ਅਤੇ ਮਨੁੱਖਤਾ ਸਭ ਤੋਂ ਵੱਡੇ ਮੁੱਲ ਹਨ। ਤੁਸੀਂ ਸਭ ਵਿਦਿਆਰਥੀ ਆਪਣੀ ਮਿਹਨਤ ਅਤੇ ਚੰਗੇ ਕਰਮਾਂ ਨਾਲ ਸਮਾਜ ਵਿੱਚ ਪ੍ਰਕਾਸ਼ ਬਣੋ। ਉਨ੍ਹਾਂ ਨੇ ਸਭ ਨੂੰ ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀ ਵਧਾਈ ਦਿੱਤੀ ਅਤੇ ਵਿਦਿਆਰਥੀਆਂ ਨੂੰ ਸਦਾ ਨੇਕੀ ਦੇ ਰਸਤੇ 'ਤੇ ਤੁਰਨ ਲਈ ਪ੍ਰੇਰਿਤ ਕੀਤਾ। ਸਕੂਲ ਦੇ ਨਿਰਦੇਸ਼ਕ ਸੰਤੋਖ ਸਿੰਘ ਨੇ ਕਿਹਾ ਕਿ, ਦੀਵਾਲੀ ਮੌਕੇ ਜਿਵੇਂ ਦੀਵੇ ਹਨੇਰੇ ਨੂੰ ਦੂਰ ਕਰਦੇ ਹਨ, ਉਸੇ ਤਰ੍ਹਾਂ ਸਾਨੂੰ ਵੀ ਆਪਣੇ ਜੀਵਨ ਵਿਚੋਂ ਆਲਸ, ਈਰਖਾ ਤੇ ਅਗਿਆਨਤਾ ਨੂੰ ਦੂਰ ਕਰਨਾ ਚਾਹੀਦਾ ਹੈ।

ਤਿਉਹਾਰ ਸਾਡੇ ਸੱਭਿਆਚਾਰ ਦੀ ਰੀੜ੍ਹ ਦੀ ਹੱਡੀ ਹੁੰਦੇ ਹਨ-ਬਾਬਾ ਸਤਪਾਲ ਸਿੰਘ

ਸਮਾਣਾ, 19 ਅਕਤੂਬਰ (ਪ੍ਰੀਤਮ ਸਿੰਘ ਨਾਗੀ)-ਅਸੀਂ ਸਾਰੇ ਹੀ ਹਰ ਤਿਉਹਾ